ਸਾਹਿਤਕ ਕਵੀ, ਕਹਾਣੀਕਾਰ, ਲੇਖਕ ਅਤੇ ਗੀਤ ਸੰਗੀਤ ਵਿੱਚ ਰੁਚੀ ਰੱਖਣ ਵਾਲਿਆਂ ਲਈ ਫੋਟੋ ਅਤੇ ਆਪਣੀ ਨਿੱਜੀ ਰਚਨਾ ਭੇਜਣ ਲਈ
Whatsapp No
416 700 9100
vishavpunjabisanjh@gmail.com

ਰੋਜ਼ਾਨਾ
# ਵਿਸ਼ਵ ਪੰਜਾਬੀ ਸਾਂਝ

ਮੁੱਖ ਦਫ਼ਤਰ : ਵਿਸ਼ਵ ਪੰਜਾਬੀ ਭਵਨ, 114 ਕੈਨੇਡੀ ਰੋਡ ਬਰੈਂਪਟਨ, ਓਟਾਂਰੀਓ



ਮੁੱਖ ਸੰਪਾਦਕ
ਡਾ.ਦਲਬੀਰ ਸਿੰਘ ਕਥੂਰੀਆ



Dalbir Singh Kathuria, CEO
905-230-4800
416-700-9100
BramptonCashandCarry2023@gmail.com
100 KENNEDY ROAD S., BRAMPTON ON L6W 3E7, CANADA
BRAMPTON CASH & CARRY

Village of India
905.450.3333
villageofindia.ca
114 KENNEDY ROAD SOUTH BRAMPTON, ON, L6W 3E7
BUFFET | DINE IN | TAKE OUT | CATERING | LUNCH & DINNER | SWEETS


## ਦਿਲਜੀਤ ਨੇ ਰਤਨ ਟਾਟਾ ਨੂੰ ਸ਼ਰਧਾਂਜਲੀ ਦੇਣ ਲਈ ਅੱਧ-ਵਿਚਾਲੇ ਰੋਕਿਆ ਸ਼ੋਅ





ਚੰਡੀਗੜ੍ਹ,(ਵਿਸ਼ਵ ਪੰਜਾਬੀ ਸਾਂਝ, ਕੈਨੇਡਾ)-ਪੰਜਾਬੀ ਗਾਇਕ ਦਿਲਜੀਤ ਦੋਸਾਂਝ ਨੂੰ ਜਦੋਂ ਬੁੱਧਵਾਰ ਨੂੰ ਰਤਨ ਟਾਟਾ ਦੇ ਚਲਾਣੇ ਦੀ ਦੁਖਦਾਈ ਖ਼ਬਰ ਮਿਲੀ ਤਾਂ ਉਹ ਜਰਮਨੀ ਦੇ ਡੂਸੇਲਡੌਫ਼ ਵਿਚ ਆਪਣਾ ਸੰਗੀਤਕ ਸ਼ੋਅ ਕਰ ਰਹੇ ਸਨ ਅਤੇ ਉਨ੍ਹਾਂ ਇਹ ਖ਼ਬਰ ਸੁਣਦਿਆਂ ਹੀ ਟਾਟਾ ਨੂੰ ਸ਼ਰਧਾਂਜਲੀ ਦੇਣ ਲਈ ਆਪਣਾ ਕਨਸਰਟ (ਸ਼ੋਅ) ਰੋਕ ਦਿੱਤਾ। ਉਨ੍ਹਾਂ ਨੇ ਟਾਟਾ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਇਹ ਜ਼ਿੰਦਗੀ ਹੈ। ਇਹੋ ਉਹ ਜ਼ਿੰਦਗੀ ਹੈ, ਜਿਹੋ ਜਿਹੀ ਕਿਸੇ ਦੀ ਹੋਣੀ ਚਾਹੀਦੀ ਹੈ ਗ਼ੌਰਤਲਬ ਹੈ ਕਿ ਦਿਲਜੀਤ ਇਨ੍ਹੀਂ ਦਿਨੀਂ ਆਪਣੇ 'ਦਿਲ-ਲੂਮਿਨਾਤੀ ਟੂਰ' ਤਹਿਤ ਯੂਰਪ ਭਰ ਵਿਚ ਸ਼ੋਅ ਕਰ ਰਹੇ ਹਨ। ਇਸ ਸਬੰਧੀ ਸਮਾਗਮ ਦੀ ਇਕ ਵਾਇਰਲ ਹੋਈ ਵੀਡੀਓ ਵਿਚ ਦਿਖਾਈ ਦੇ ਰਿਹਾ ਹੈ ਕਿ ਦਿਲਜੀਤ ਦੋਸਾਂਝ ਆਪਣਾ ਕਨਸਰਟ ਰੋਕ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਕਦੇ ਟਾਟਾ ਨੂੰ ਮਿਲਣ ਦਾ ਮੌਕਾ ਨਹੀਂ ਮਿਲਿਆ, ਪਰ ਆਪਣੀ ਜ਼ਿੰਦਗੀ ਉਤੇ ਟਾਟਾ ਦਾ ਪ੍ਰਭਾਵ ਉਹ ਮਹਿਸੂਸ ਕਰ ਸਕਦੇ ਹਨ। ਇੰਸਟਾਗ੍ਰਾਮ ਉਤੇ ਦਿਲਜੀਤ ਦੀ ਟੀਮ ਵੱਲੋਂ ਸ਼ੇਅਰ ਕੀਤੀ ਗਈ ਵੀਡੀਓ ਵਿਚ ਦਿਲਜੀਤ ਨੇ ਪੰਜਾਬੀ ਵਿਚ ਕਿਹਾ, "ਰਤਨ ਟਾਟਾ ਜੀ ਬਾਰੇ ਤੁਸੀਂ ਸਾਰੇ ਜਾਣਦੇ ਹੋ। ਉਨ੍ਹਾਂ ਦਾ ਦੇਹਾਂਤ ਹੋਇਆ ਹੈ, ਸਾਡੇ ਵੱਲੋਂ ਉਨ੍ਹਾਂ ਨੂੰ ਨਿੱਘੀ ਸ਼ਰਧਾਂਜਲੀ।" ਉਨ੍ਹਾਂ ਹੋਰ ਕਿਹਾ, "ਅੱਜ ਉਨ੍ਹਾਂ ਦਾ ਨਾਂ ਲੈਣਾ ਇਸ ਕਾਰਨ ਜ਼ਰੂਰੀ ਹੈ ਕਿ ਉਨ੍ਹਾਂ ਆਪਣੀ ਜ਼ਿੰਦਗੀ ਵਿਚ ਹਮੇਸ਼ਾ ਬਹੁਤ ਮਿਹਨਤੀ ਕੀਤੀ। ਮੈਂ ਅੱਜ ਤੱਕ ਉਨ੍ਹਾਂ ਬਾਰੇ ਜਿੰਨਾ ਵੀ ਪੜ੍ਹਿਆ-ਸੁਣਿਆ, ਮੈਂ ਕਦੇ ਨਹੀਂ ਦੇਖਿਆ ਕਿ ਉਨ੍ਹਾਂ ਕਿਸੇ ਬਾਰੇ ਕੁਝ ਬੁਰਾ ਬੋਲਿਆ ਹੋਵੇ। ਉਨ੍ਹਾਂ ਹਮੇਸ਼ਾ ਮਿਹਨਤ ਕੀਤੀ, ਕਿਸੇ ਦੇ ਕੰਮ ਆਏ। ਅਸੀਂ ਉਨ੍ਹਾਂ ਤੋਂ ਇਹੋ ਸਿੱਖ ਸਕਦੇ ਹਾਂ ਕਿ ਮਿਹਨਤ ਕਰੋ, ਚੰਗਾ ਸੋਚੋ, ਕਿਸੇ ਦੇ ਕੰਮ ਆਓ। ਉਹ ਆਪਣੀ ਬੇਦਾਗ਼ ਜ਼ਿੰਦਗੀ ਜੀਅ ਕੇ ਗਏ ਹਨ।"

## ਲਾਹੌਰ ਵਿੱਚ ਗੁਰੂ ਰਾਮਦਾਸ ਦਾ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ



ਅੰਮ੍ਰਿਤਸਰ, (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)-ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ ਅੱਜ ਪਾਕਿਸਤਾਨ ਦੇ ਲਾਹੌਰ ਵਿੱਚ ਗੁਰਦੁਆਰਾ ਜਨਮ ਅਸਥਾਨ ਚੂਨਾ ਮੰਡੀ ਵਿੱਚ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਗੁਰਦੁਆਰੇ ਨੂੰ ਫੁੱਲਾਂ ਨਾਲ ਸਜਾਇਆ ਗਿਆ। ਇਸ ਮੌਕੇ ਅਖੰਡ ਪਾਠ ਦੇ ਭੋਗ ਪਾਏ ਗਏ ਅਤੇ ਮਗਰੋਂ ਰਾਗੀ ਸਿੰਘਾਂ ਵੱਲੋਂ ਗੁਰਬਾਣੀ ਦਾ ਕੀਰਤਨ ਕੀਤਾ ਗਿਆ। ਸ੍ਰੀ ਨਨਕਾਣਾ ਸਾਹਿਬ ਅਤੇ ਹੋਰ ਦੂਰ ਦੁਰਾਡੇ ਤੋਂ ਆਈ ਸੰਗਤ ਨੇ ਸਮਾਗਮ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਰਮੇਸ਼ ਸਿੰਘ ਨੇ ਸੰਗਤ ਨੂੰ ਸੰਬੋਧਨ ਕੀਤਾ। ਇਸ ਮੌਕੇ ਕਮੇਟੀ ਮੈਂਬਰ ਮਹੇਸ਼ ਸਿੰਘ, ਡਾਕਟਰ ਮਹੀਪਾਲ ਸਿੰਘ, ਸਾਬਕਾ ਪ੍ਰਧਾਨ ਬਿਸ਼ਨ ਸਿੰਘ ਅਤੇ ਸਤਵੰਤ ਸਿੰਘ ਸਣੇ ਸਤਵੰਤ ਕੌਰ ਹਾਜ਼ਰ ਸਨ ,ਜਿਨ੍ਹਾਂ ਨੂੰ ਗੁਰਦੁਆਰਾ ਕਮੇਟੀ ਵੱਲੋਂ ਸਨਮਾਨਿਤ ਵੀ ਕੀਤਾ ਗਿਆ। ਇਸ ਦੌਰਾਨ ਪਾਕਿਸਤਾਨ ਔਕਾਫ ਬੋਰਡ ਅਤੇ ਸਰਕਾਰ ਵੱਲੋਂ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਮਹੇਸ਼ ਸਿੰਘ ਨੂੰ ਗੁਰਦੁਆਰਾ ਕਮੇਟੀ ਦਾ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ। ਉਹ ਸੂਬਾ ਸਿੰਧ ਦੇ ਕਸਮੋਰ ਸ਼ਹਿਰ ਨਾਲ ਸਬੰਧਤ ਹਨ। ਉਨ੍ਹਾਂ ਨੂੰ ਘੱਟ ਗਿਣਤੀਆਂ ਬਾਰੇ ਮੰਤਰੀ ਹਰਮੀਤ ਸਿੰਘ ਅਰੋੜਾ ਨੇ ਨਿਯੁਕਤੀ ਪੱਤਰ ਦਿੱਤਾ। ਪਾਕਿਸਤਾਨ ਵਿਖੇ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ ਮੂਲ ਨਾਨਕਸ਼ਾਹੀ ਕੈਲੰਡਰ ਅਨੁਸਾਰ ਅੱਜ ਮਨਾਇਆ ਗਿਆ ਹੈ, ਜਦੋਂਕਿ ਸੋਧੇ ਹੋਏ ਨਾਨਕਸ਼ਾਹੀ ਕੈਲੰਡਰ ਅਨੁਸਾਰ ਇਹ ਪ੍ਰਕਾਸ਼ ਪੁਰਬ ਭਾਰਤ ਵਿੱਚ 19 ਅਕਤੂਬਰ ਨੂੰ ਮਨਾਇਆ ਜਾਵੇਗਾ।

## ਮਹਾਨ ਕਵੀ ਗੁਰਦਾਸ ਰਾਮ ਆਲਮ ਨੂੰ ਸਮਰਪਿਤ ਨੌਵਾਂ ਛਿਮਾਹੀ ਸਾਹਿਤਕ ਸੰਮੇਲਨ 13 ਅਕਤੂਬਰ ਨੂੰ

ਸਰੀ (ਵਿਸ਼ਵ ਪੰਜਾਬੀ ਸਾਂਝ,ਕੈਨੇਡਾ)- ਲੋਕ ਕਵੀ ਗੁਰਦਾਸ ਰਾਮ ਆਲਮ ਸਾਹਿਤ ਸਭਾ ਕੈਨੇਡਾ ਵੱਲੋਂ ਸਾਧਾਰਣ ਲੋਕਾਂ ਦਾ ਮਹਾਨ ਕਵੀ 'ਗੁਰਦਾਸ ਰਾਮ ਆਲਮ' ਨੂੰ ਸਮਰਪਿਤ ਨੌਵਾਂ ਛਿਮਾਹੀ ਸਾਹਿਤਕ ਸੰਮੇਲਨ 13 ਅਕਤੂਬਰ ਦਿਨ ਐਤਵਾਰ ਨੂੰ ਬਾਅਦ ਦੁਪਹਿਰ 1 ਵਜੇ ਤੋਂ 3 ਵਜੇ ਤੱਕ ਕਰਵਾਇਆ ਜਾ ਰਿਹਾ। ਇਹ ਸੰਮੇਲਨ 7050 ਸੀਨੀਅਰਜ ਸੈਂਟਰ ਸਰੀ/ਡੈਲਟਾ ਵਿਖੇ ਹੋਵੇਗਾ। ਲੋਕ ਕਵੀ ਗੁਰਦਾਸ ਰਾਮ ਆਲਮ ਸਾਹਿਤ ਸਭਾ ਕੈਨੇਡਾ ਦੇ ਸੰਸਥਾਪਕ ਪ੍ਰਿੰਸੀਪਲ ਮਲੂਕ ਚੰਦ ਕਲੇਰ, ਰੇਡੀਓ ਟੀਵੀ ਹੋਸਟ ਅਤੇ ਪੰਜਾਬੀ ਸਾਹਿਤ ਸਭਾ ਮੁੱਢਲੀ (ਰਜਿਸਟਰਡ) ਐਬਟਸਫੋਰਡ ਦੇ ਕੋਆਰਡੀਨੇਟਰ ਡਾਕਟਰ ਗੁਰਵਿੰਦਰ ਸਿੰਘ ਧਾਲੀਵਾਲ ਅਤੇ ਟੀਵੀ ਹੋਸਟ ਮਨਮੋਹਨ ਸਿੰਘ ਸਮਰਾ ਵੱਲੋਂ ਸਾਹਿਤਕ ਸ਼ਖਸ਼ੀਅਤਾਂ ਅਤੇ ਆਮਜਨ ਨੂੰ ਸੰਮੇਲਨ ਵਿੱਚ ਪਹੁੰਚਣ ਦੀ ਅਪੀਲ ਕੀਤੀ ਗਈ ਹੈ


ਵਿਸ਼ਵ ਪੰਜਾਬੀ ਸਭਾ ਕੈਨੇਡਾ
ਅਤੇ
ਕਨੇਡੀਅਨ ਪੰਜਾਬੀ ਸਾਹਿਤ ਸਭਾ ਟੋਰਾਂਟੋ ਵੱਲੋਂ
ਇੱਕ ਸੁਰਮਈ ਸ਼ਾਮ


ਹੁਸਨੈਨ ਅਕਬਰ
(ਬਾਬਾ ਗਰੁੱਪ ਪਾਕਿਸਤਾਨ)

ਕਿਤਾਬ ਲੋਕ ਅਰਪਣ
ਮੀਡੀਆ ਅਲੋਚਕ ਦੀ ਆਤਮ ਕਥਾ
ਪ੍ਰੋ. ਕੁਲਬੀਰ ਸਿੰਘ


ਪ੍ਰੋ. ਕੁਲਬੀਰ ਸਿੰਘ
(ਚੇਅਰਮੈਨ ਵਿਸ਼ਵ ਪੰਜਾਬੀ ਮੀਡੀਆ ਕਾਨਫਰੰਸ)


ਡਾ. ਦਲਬੀਰ ਸਿੰਘ ਕਥੂਰੀਆ
(ਚੇਅਰਮੈਨ)




ਮੰਚ ਸੰਚਾਲਕ
ਪ੍ਰੋ. ਜੰਗੀਰ ਸਿੰਘ ਕਾਹਲੋਂ

12 ਅਕਤੂਬਰ 2024 ਦਿਨ ਸ਼ਨੀਵਾਰ ਸਮਾਂ 5 ਤੋਂ 8 ਵਜੇ ਸ਼ਾਮ
ਸਥਾਨ:-
ਵਿਸ਼ਵ ਪੰਜਾਬੀ ਭਵਨ, 114 ਕੈਨੇਡੀ ਰੋਡ, ਬਰੈਂਪਟਨ
https://vishavpunjabisabha.in/ E-mail:vishvapunjabisabha2023@gmail.com
ਸੰਪਰਕ ਨੰ. +1 (416) 700-9100, (905) 531-8901, (416) 500-9131, (416) 666-1919
(437) 848-2526, (365) 778-2036



AXLE Car Rental
Enjoy The Ride!
905.917.0818
We Provide:
• Insurance Replacement Rental
• We Deal With All Insurance Companies
• All New Models of Cars, Suv's & Mini Vans
• Free Local Shuttle Service
axlecarrental@gmail.com
www.AxleCarRental.com
1365 Mid-Way Blvd. Unit 10, Mississauga, ON L5T 2J5



HOMELIFE
HIGHER STANDARDS
Homelife Silvercity Realty Inc., Brokerage
KANWAR BRAR
Broker
Direct: 416-737-4971
Office: 905.913.8500
Email: kanwarjitbrar@hotmail.com
11775 Bramalea Rd # 201, Brampton, Ontario L6R 3Z4
"Success Is Never Final"




AMYRA ACADEMY
Hair & Esthetics
Our Courses
1 HAIR STYLING DIPLOMA
2 MEDICAL ESTHETICS DIPLOMA

905-399-6110 , 647-713-3133
amyraacademy@outlook.com
www.amyraacademy.com
114 Kennedy Road Unit 2 Brampton Ontario, L6W 3E7
amyraacademy
amyraacademy



TEAM GET SOLD

INDER ARORA
(BROKER)
(416) 525.7400
RAMAN KATHURIA
(BROKER)
(416) 709.6100



BRAMPTON CASH & CARRY
Grand OPENING
YOU ARE INVITED !
18,19,20
OCTOBER, 2024
OPEN EVERYDAY FROM
9:00 AM TO 9:00 PM
Celebrate our grand opening with us and enjoy exclusive perks and prizes only available on opening day!
1315 INKSTER BLVD,
WINNIPEG MB

# ਹੁਣ ਇਹ 100 ਉਮੀਦਵਾਰ ਵੀ ਹੋਣਗੇ ਪੰਚਾਇਤੀ ਚੋਣਾਂ 'ਚ ਸ਼ਾਮਲ, ਨਾਮਜ਼ਦਗੀ ਰੱਦ ਕਰਨ ਦੇ ਹਾਈ ਕੋਰਟ ਦੇ ਹੁਕਮਾਂ 'ਤੇ ਲੱਗੀ ਰੋਕ




ਚੰਡੀਗੜ੍ਹ :(ਵਿਸ਼ਵ ਪੰਜਾਬੀ ਸਾਂਝ, ਕੈਨੇਡਾ)- ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਵੀਰਵਾਰ ਨੂੰ ਪੰਚਾਇਤੀ ਚੋਣਾਂ ਨਾਲ ਸਬੰਧਤ 100 ਦੇ ਕਰੀਬ ਪਟੀਸ਼ਨਾਂ ਦੀ ਸੁਣਵਾਈ ਕਰਦਿਆਂ ਇਨ੍ਹਾਂ ਸਾਰਿਆਂ ਨੂੰ ਚੋਣਾਂ ਲਈ ਯੋਗ ਕਰਾਰ ਦਿੱਤਾ ਹੈ। ਹਾਈ ਕੋਰਟ ਨੇ ਉਸ ਦੀ ਨਾਮਜ਼ਦਗੀ ਰੱਦ ਕਰਨ ਦੇ ਹੁਕਮਾਂ 'ਤੇ ਵੀ ਰੋਕ ਲਾ ਦਿੱਤੀ। ਹਾਲਾਂਕਿ ਹਾਈ ਕੋਰਟ ਨੇ ਨਾਮਜ਼ਦਗੀ ਦਾਖ਼ਲ ਨਾ ਕਰਨ ਵਾਲਿਆਂ ਬਾਰੇ ਸਥਿਤੀ ਸਪੱਸ਼ਟ ਨਹੀਂ ਕੀਤੀ ਹੈ।ਦੱਸ ਦਈਏ ਕਿ ਇਕ ਦਿਨ ਪਹਿਲਾਂ ਹਾਈਕੋਰਟ ਨੇ ਕਰੀਬ 270 ਗ੍ਰਾਮ ਪੰਚਾਇਤਾਂ ਦੀਆਂ ਚੋਣਾਂ 'ਤੇ ਰੋਕ ਲਗਾਉਣ ਦਾ ਹੁਕਮ ਦਿੱਤਾ ਸੀ, ਜਿਨ੍ਹਾਂ 'ਤੇ ਵੀਰਵਾਰ ਨੂੰ ਹਾਈਕੋਰਟ ਨੇ ਸੁਣਵਾਈ ਕੀਤੀ ਸੀ। ਇਨ੍ਹਾਂ ਪਟੀਸ਼ਨਾਂ ਵਿੱਚ ਹਾਈ ਕੋਰਟ ਨੂੰ ਕਿਹਾ ਗਿਆ ਸੀ ਕਿ ਪੰਚ ਅਤੇ ਸਰਪੰਚ ਦੇ ਅਹੁਦਿਆਂ ਲਈ ਪਟੀਸ਼ਨਰਾਂ ਦੀਆਂ ਨਾਮਜ਼ਦਗੀਆਂ ਮਨਮਾਨੇ ਢੰਗ ਨਾਲ ਰੱਦ ਕੀਤੀਆਂ ਗਈਆਂ ਸਨ।

## ਨੋ ਡਿਊਜ਼ ਦਾ ਹਵਾਲਾ

ਕੁਝ ਮਾਮਲਿਆਂ ਵਿੱਚ, ਦਸਤਾਵੇਜ਼ਾਂ ਵਿੱਚ ਕਮੀਆਂ ਦਾ ਹਵਾਲਾ ਦਿੱਤਾ ਗਿਆ ਸੀ ਅਤੇ ਕੁਝ ਵਿੱਚ, ਕੋਈ ਬਕਾਇਆ ਨਹੀਂ (No Dues) ਦਾ ਹਵਾਲਾ ਦਿੱਤਾ ਗਿਆ ਸੀ। ਪਟੀਸ਼ਨਰਾਂ ਨੇ ਕਿਹਾ ਕਿ ਕੁਝ ਮਾਮਲਿਆਂ ਵਿੱਚ, ਜਿਸ ਅਧਿਕਾਰੀ ਨੇ ਨੋ ਡਿਊ ਸਰਟੀਫਕੇਟ ਨਹੀਂ ਦਿੱਤਾ, ਉਹ ਹੀ ਬਕਾਇਆ ਦਾ ਹਵਾਲਾ ਦੇ ਕੇ ਨਾਮਜ਼ਦਗੀ ਰੱਦ ਕਰਨ ਜਾ ਰਿਹਾ ਹੈ। ਪਟੀਸ਼ਨਾਂ ਵਿੱਚ ਕਿਹਾ ਗਿਆ ਸੀ ਕਿ ਅਜਿਹਾ ਸੱਤਾਧਾਰੀ ਧਿਰ ਦੇ ਲੋਕਾਂ ਨੂੰ ਫਾਇਦਾ ਪਹੁੰਚਾਉਣ ਲਈ ਕੀਤਾ ਜਾ ਰਿਹਾ ਹੈ।

## ਚੋਣਾਂ ਵਿੱਚ ਹਿੱਸਾ ਲੈਣ ਤੋਂ ਛੋਟ ਦਿੱਤੀ ਜਾਵੇ

ਅਧਿਕਾਰੀਆਂ ਵੱਲੋਂ ਸਰਕਾਰ 'ਤੇ ਹੋਰ ਬਿਨੈਕਾਰਾਂ ਦੀਆਂ ਨਾਮਜ਼ਦਗੀਆਂ ਰੱਦ ਕਰਨ ਲਈ ਦਬਾਅ ਪਾਇਆ ਜਾ ਰਿਹਾ ਹੈ। ਹਾਈ ਕੋਰਟ ਨੇ ਮੰਗਲਵਾਰ ਨੂੰ ਪੰਜਾਬ ਸਰਕਾਰ ਨੂੰ ਇਨ੍ਹਾਂ ਪਟੀਸ਼ਨਾਂ 'ਤੇ ਜਵਾਬ ਦਾਇਰ ਕਰਨ ਦੇ ਹੁਕਮ ਦਿੱਤੇ ਸਨ।ਵੀਰਵਾਰ ਨੂੰ ਇਸ ਮਾਮਲੇ ਦੀ ਸੁਣਵਾਈ ਦੌਰਾਨ ਹਾਈ ਕੋਰਟ ਨੇ ਸਾਰੇ ਪਟੀਸ਼ਨਰਾਂ ਨੂੰ ਵੱਡੀ ਰਾਹਤ ਦਿੰਦਿਆਂ ਉਨ੍ਹਾਂ ਦੀਆਂ ਨਾਮਜ਼ਦਗੀਆਂ ਰੱਦ ਕਰਨ ਦੇ ਹੁਕਮਾਂ 'ਤੇ ਰੋਕ ਲਗਾ ਦਿੱਤੀ ਹੈ। ਨਾਲ ਹੀ ਪਟੀਸ਼ਨਰਾਂ ਨੂੰ ਚੋਣਾਂ ਵਿਚ ਹਿੱਸਾ ਲੈਣ ਦੀ ਆਜ਼ਾਦੀ ਦਿੱਤੀ ਗਈ ਹੈ।

## ਜ਼ਿਮਨੀ ਚੋਣਾਂ ਦੀਆਂ ਤਿਆਰੀਆਂ ਵੀ ਜ਼ੋਰਾਂ 'ਤੇ

ਪੰਚਾਇਤੀ ਚੋਣਾਂ ਰਾਹੀਂ ਗਿੱਦੜਬਾਹਾ ਵਿਧਾਨ ਸਭਾ ਸੀਟ ਦੀ ਜ਼ਿਮਨੀ ਚੋਣ ਲਈ ਵਿਰੋਧੀ ਪਾਰਟੀਆਂ ਕਾਂਗਰਸ, ਅਕਾਲੀ ਦਲ ਅਤੇ ਭਾਜਪਾ ਵੱਲੋਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਗਿੱਦੜਬਾਹਾ 'ਚ ਕਾਂਗਰਸ ਨੇ ਪੰਚਾਇਤੀ ਚੋਣਾਂ 'ਚ ਧਾਂਦਲੀ ਦਾ ਦੋਸ਼ ਲਾਉਂਦਿਆਂ ਧਰਨਾ ਦਿੱਤਾ। ਇਸ ਦੀ ਅਗਵਾਈ ਕਾਂਗਰਸ ਦੇ ਸੂਬਾ ਪ੍ਰਧਾਨ ਅਤੇ ਲੁਧਿਆਣਾ ਤੋਂ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕੀਤੀ।

ਇਸ ਦੇ ਨਾਲ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸੇਵਾਮੁਕਤ ਐਲਾਨੇ ਜਾਣ ਤੋਂ ਬਾਅਦ ਸਿਆਸੀ ਦ੍ਰਿਸ਼ ਤੋਂ ਗਾਇਬ ਹੋਏ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ ਵੀ ਪਾਰਟੀ ਵੱਲੋਂ ਦਿੱਤੇ ਧਰਨੇ ਵਿੱਚ ਪੁੱਜੇ। ਗਿੱਦੜਬਾਹਾ ਵਿੱਚ ਭਾਜਪਾ ਆਗੂ ਮਨਪ੍ਰੀਤ ਬਾਦਲ ਵੀ ਸਰਗਰਮ ਹੋ ਗਏ ਹਨ। ਪੰਚਾਇਤੀ ਚੋਣਾਂ ਵਿੱਚ ਕਥਿਤ ਧਾਂਦਲੀ ਨੂੰ ਲੈ ਕੇ ਵੀ ਉਹ ਲਗਾਤਾਰ ਲੋਕਾਂ ਨੂੰ ਮਿਲ ਰਹੇ ਹਨ।

ਤੁਹਾਨੂੰ ਦੱਸ ਦੇਈਏ ਕਿ ਸੂਬੇ ਦੀਆਂ ਚਾਰ ਵਿਧਾਨ ਸਭਾ ਸੀਟਾਂ 'ਤੇ ਉਪ ਚੋਣਾਂ ਹੋਣੀਆਂ ਹਨ। ਇਸ ਵਿੱਚ ਬਰਨਾਲਾ, ਗਿੱਦੜਬਾਹਾ, ਚੱਬੇਵਾਲ ਅਤੇ ਡੇਰਾਬਾਬਾ ਨਾਨਕ ਸ਼ਾਮਲ ਹਨ।

# ਨਹੀਂ ਰਹੇ ਦਿੱਗਜ ਉਦਯੋਗਪਤੀ ਰਤਨ ਟਾਟਾ, 86 ਸਾਲ ਦੀ ਉਮਰ 'ਚ ਲਿਆ ਆਖਰੀ ਸਾਹ



ਦਿੱਲੀ (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)-ਰਤਨ ਟਾਟਾ ਦਾ ਬੁੱਧਵਾਰ ਦੇਰ ਸ਼ਾਮ ਮੁੰਬਈ ਦੇ ਬ੍ਰੀਚ ਕੈਂਡੀ ਹਸਪਤਾਲ 'ਚ ਦੇਹਾਂਤ ਹੋ ਗਿਆ। ਭਾਰਤ ਦੇ ਉੱਘੇ ਉਦਯੋਗਪਤੀ ਰਤਨ ਟਾਟਾ 86 ਸਾਲ ਦੇ ਸਨ। ਉਹ ਪਿਛਲੇ ਕੁਝ ਦਿਨਾਂ ਤੋਂ ਬਿਮਾਰ ਸਨ।

## ਚਾਹ ਵੇਚਣ ਤੋਂ 33 ਲੱਖ ਕਰੋੜ ਦੇ Empire ਤੱਕ ਜਾਣੋ ਰਤਨ ਟਾਟਾ ਦਾ ਸੁਨਹਿਰੀ ਸਫ਼ਰ

ਦੇਸ਼ ਦੇ ਉੱਘੇ ਕਾਰੋਬਾਰੀ ਰਤਨ ਟਾਟਾ ਦਾ ਦਿਹਾਂਤ ਹੋ ਗਿਆ ਹੈ ਅਤੇ ਇਸ ਦੇ ਨਾਲ ਹੀ ਵਪਾਰ ਜਗਤ ਵਿੱਚ ਇੱਕ ਪੂਰੇ ਯੁੱਗ ਦਾ ਵੀ ਅੰਤ ਹੋ ਗਿਆ ਹੈ। ਉਨ੍ਹਾਂ ਦੀ ਅਗਵਾਈ 'ਚ ਲੂਣ ਤੋਂ ਲੈ ਕੇ ਟਰੱਕ ਬਣਾਉਣ ਤੱਕ ਦੇ ਕਾਰੋਬਾਰ 'ਚ ਸ਼ਾਮਲ ਟਾਟਾ ਗਰੁੱਪ ਬਾਜ਼ਾਰ ਮੁੱਲ ਦੇ ਲਿਹਾਜ਼ ਨਾਲ ਦੇਸ਼ ਦਾ ਸਭ ਤੋਂ ਵੱਡਾ ਸਮੂਹ ਬਣ ਗਿਆ ਹੈ। ਟਾਟਾ ਗਰੁੱਪ, ਜੋ ਕਿ 1868 ਵਿੱਚ ਇੱਕ ਵਪਾਰਕ ਫਰਮ ਤੋਂ ਸ਼ੁਰੂ ਹੋਇਆ ਸੀ। ਇਸ ਵਿੱਚ ਇਸ ਸਮੇਂ ਲਗਭਗ 100 ਕੰਪਨੀਆਂ ਹਨ, ਜਿਨ੍ਹਾਂ ਦੀ ਦੇਸ਼ ਦੀ ਕੁੱਲ ਜੀਡੀਪੀ ਵਿੱਚ ਦੋ ਫੀਸਦੀ ਹਿੱਸੇਦਾਰੀ ਹੈ। ਬਾਜ਼ਾਰ 'ਚ ਸੂਚੀਬੱਧ 16 ਕੰਪਨੀਆਂ ਦੀ ਕੁੱਲ ਕੀਮਤ 33 ਲੱਖ ਕਰੋੜ ਰੁਪਏ ਹੈ।

## ਮੋਦੀ ਸਣੇ ਇੰਨ੍ਹਾਂ ਨੇਤਾਵਾਂ ਨੇ ਜਤਾਇਆ ਦੁੱਖ




ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਰੱਖਿਆ ਮੰਤਰੀ ਰਾਜਨਾਥ ਸਿੰਘ ਸਮੇਤ ਦੇਸ਼ ਦੀਆਂ ਕਈ ਮਸ਼ਹੂਰ ਹਸਤੀਆਂ ਨੇ ਉਨ੍ਹਾਂ ਦੇ ਦੇਹਾਂਤ 'ਤੇ ਸੋਗ ਪ੍ਰਗਟ ਕੀਤਾ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਰਤਨ ਟਾਟਾ ਨੂੰ ਇੱਕ ਦੂਰਦਰਸ਼ੀ ਵਪਾਰਕ ਨੇਤਾ, ਇੱਕ ਦਿਆਲੂ ਆਤਮਾ ਅਤੇ ਇੱਕ ਅਸਾਧਾਰਨ ਮਨੁੱਖ ਦੱਸਿਆ। ਪੀਐਮ ਮੋਦੀ ਦੇ ਅਨੁਸਾਰ, ਰਤਨ ਟਾਟਾ ਨੇ ਭਾਰਤ ਦੇ ਸਭ ਤੋਂ ਪੁਰਾਣੇ ਅਤੇ ਸਭ ਤੋਂ ਵੱਕਾਰੀ ਕਾਰੋਬਾਰੀ ਘਰਾਣਿਆਂ ਵਿੱਚੋਂ ਇੱਕ ਨੂੰ ਸਥਿਰ ਅਗਵਾਈ ਪ੍ਰਦਾਨ ਕੀਤੀ।

# ਕੈਨੇਡਾ 'ਚ ਤਰਨਤਾਰਨ ਦੇ ਨੌਜਵਾਨ ਦੀ ਹਾਰਟ ਅਟੈਕ ਕਾਰਨ ਮੌਤ

ਤਰਨਤਾਰਨ (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)-ਪੱਤਰਕਾਰ ਰਾਜਵਿੰਦਰ ਕੁਮਾਰ ਰਾਜੂ ਦੇ ਛੋਟੇ ਨੌਜਵਾਨ ਬੇਟੇ ਵਿਪਨ ਅਰੋੜਾ ਦੀ ਕੈਨੇਡਾ ਵਿੱਚ ਦਿਲ ਦਾ ਦੌਰਾ ਪੈਣ ਕਾਰਨ ਦੇਹਾਂਤ ਹੋਣ ਦਾ ਦੁੱਖਦਾਈ ਸਮਾਚਾਰ ਪ੍ਰਾਪਤ ਹੋਇਆ ਹੈ। ਜਿਸ ਤੋਂ ਬਾਅਦ ਇਲਾਕੇ ਵਿੱਚ



ਸੋਗ ਦੀ ਲਹਿਰ ਦੌੜ ਪਈ। ਜਾਣਕਾਰੀ ਦੇ ਅਨੁਸਾਰ ਪੱਤਰਕਾਰ ਰਾਜਵਿੰਦਰ ਕੁਮਾਰ ਰਾਜੂ (ਸਤਪਾਲ ਕਰਿਆਨੇ ਵਾਲੇ) ਦਾ ਛੋਟਾ ਬੇਟਾ ਵਿਪਨ ਕੁਮਾਰ ਜਿਸਦੀ ਉਮਰ ਕਰੀਬ 30 ਸਾਲ ਦੱਸੀ ਜਾ ਰਹੀ ਹੈ। ਬੀਤੇ ਕੁਝ ਸਾਲ ਪਹਿਲਾਂ ਪੜਾਈ ਕਰਨ ਦੇ ਸਬੰਧ ਵਿੱਚ ਕੈਨੇਡਾ ਗਿਆ ਸੀ। ਮੰਗਲਵਾਰ ਦੇਰ ਸ਼ਾਮ ਵਿਪਨ ਅਰੋੜਾ ਦੀ ਅਚਾਨਕ ਤਬੀਅਤ ਖਰਾਬ ਹੋਣ ਉਪਰੰਤ ਉਸਨੂੰ ਹਸਪਤਾਲ ਵਿਖੇ ਲਿਜਾਇਆ ਗਿਆ ਜਿੱਥੇ ਡਾਕਟਰਾਂ ਨੇ ਇਲਾਜ ਦੌਰਾਨ ਉਸ ਨੂੰ ਮ੍ਰਿਤਕ ਕਰਾਰ ਦੇ ਦਿੱਤਾ। ਜਾਣਕਾਰੀ ਦੇ ਅਨੁਸਾਰ ਵਿਪਨ ਅਰੋੜਾ ਦਾ ਦਿਲ ਦਾ ਦੌਰਾ ਪੈਨ ਕਰਕੇ ਦੇਹਾਂਤ ਹੋਇਆ ਹੈ।ਪਰਿਵਾਰ ਨੂੰ ਫੋਨ ਰਾਹੀਂ ਜਦੋਂ ਇਸ ਸਬੰਧੀ ਦੋਸਤਾਂ ਵੱਲੋਂ ਸੂਚਨਾ ਦਿੱਤੀ ਗਈ ਤਾਂ ਉਹਨਾਂ ਦੇ ਪੈਰਾਂ ਹੇਠੋਂ ਜਮੀਨ ਨਿਕਲ ਗਈ। ਮ੍ਰਿਤਕ ਵਿਪਨ ਅਰੋੜਾ ਆਪਣੇ ਪਿੱਛੇ ਮਾਤਾ, ਪਿਤਾ ਅਤੇ ਵੱਡੇ ਭਰਾ ਨੂੰ ਛੱਡ ਗਿਆ ਹੈ। ਇਸ ਦੁੱਖਦਾਈ ਸਮਾਚਾਰ ਮਿਲਣ ਤੋਂ ਬਾਅਦ ਇਲਾਕੇ ਦੀਆਂ ਵੱਖ ਵੱਖ ਸਿਆਸੀ, ਧਾਰਮਿਕ ਅਤੇ ਸਮਾਜਿਕ ਜਥੇਬੰਦੀਆਂ ਦੇ ਆਗੂਆਂ ਤੋਂ ਇਲਾਵਾ ਪੱਤਰਕਾਰ ਭਾਈਚਾਰੇ ਵੱਲੋਂ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਜਾ ਰਿਹਾ ਹੈ।

# PM ਮੋਦੀ ਪਹੁੰਚੇ ਲਾਓਸ, ASEAN-ਭਾਰਤ, ਪੂਰਬੀ ਏਸ਼ੀਆ ਸਿਖਰ ਸੰਮੇਲਨ 'ਚ ਲੈਣਗੇ ਹਿੱਸਾ



ਵੈਂਟੀਆਨੇ (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਆਸੀਆਨ-ਭਾਰਤ ਅਤੇ ਪੂਰਬੀ ਏਸ਼ੀਆ ਸਿਖਰ ਸੰਮੇਲਨ ਵਿਚ ਹਿੱਸਾ ਲੈਣ ਲਈ ਵੀਰਵਾਰ ਨੂੰ ਦੋ ਦਿਨਾਂ ਦੌਰੇ 'ਤੇ ਲਾਓਸ ਪਹੁੰਚੇ। ਇਸ ਸੰਮੇਲਨ ਦਾ ਉਦੇਸ਼ ਇਨ੍ਹਾਂ ਸਮੂਹਾਂ ਦੇ ਦੇਸ਼ਾਂ ਨਾਲ ਸਬੰਧਾਂ ਨੂੰ ਗੂੜ੍ਹਾ ਕਰਨਾ ਹੈ। ਮੋਦੀ ਪੀਪਲਜ਼ ਡੈਮੋਕ੍ਰੇਟਿਕ ਰੀਪਬਲਿਕ ਆਫ ਲਾਓਸ (ਲਾਓ ਪੀਡੀਆਰ) ਦੇ ਪ੍ਰਧਾਨ ਮੰਤਰੀ ਸਨਕਸਾ ਸਿਫਾਨਾਡੋਨ ਦੇ ਸੱਦੇ 'ਤੇ ਅੱਜ ਦੋ ਦਿਨਾਂ ਦੌਰੇ 'ਤੇ ਵਿਏਨਟਿਏਨ ਪਹੁੰਚੇ। ਲਾਓਸ ਦੱਖਣ-ਪੂਰਬੀ ਏਸ਼ੀਆਈ ਰਾਸ਼ਟਰ ਸੰਘ (ASEAN) ਦਾ ਮੌਜੂਦਾ ਪ੍ਰਧਾਨ ਹੈ। ਇਸ ਦੌਰਾਨ ਮੋਦੀ 21ਵੇਂ ਆਸੀਆਨ-ਭਾਰਤ ਸੰਮੇਲਨ ਅਤੇ 19ਵੇਂ ਪੂਰਬੀ ਏਸ਼ੀਆ ਸੰਮੇਲਨ 'ਚ ਹਿੱਸਾ ਲੈਣਗੇ।









# ਕੇਏਪੀ ਸਿਨਹਾ ਨੇ ਪੰਜਾਬ ਦੇ ਮੁੱਖ ਸਕੱਤਰ ਵਜੋਂ ਅਹੁਦਾ ਸੰਭਾਲਿਆ

## New Chief Secretary of Punjab: ਪੰਜਾਬ ਵਾਸੀਆਂ ਵੱਲੋਂ ਮਿਲੇ ਅਥਾਹ ਪਿਆਰ ਦਾ ਮੁੱਲ ਵਾਪਸ ਮੋੜਨ ਦਾ ਸਮਾਂ: ਸਿਨਹਾ



ਚੰਡੀਗੜ੍ਹ,(ਵਿਸ਼ਵ ਪੰਜਾਬੀ ਸਾਂਝ, ਕੈਨੇਡਾ)-ਪੰਜਾਬ ਕਾਡਰ ਦੇ 1992 ਬੈਚ ਦੇ ਆਈਏਐਸ ਅਧਿਕਾਰੀ ਕੇਏਪੀ ਸਿਨਹਾ ਨੇ ਵੀਰਵਾਰ ਨੂੰ ਸੂਬੇ ਦੇ 43ਵੇਂ ਮੁੱਖ ਸਕੱਤਰ ਵਜੋਂ ਕਾਰਜਭਾਰ ਸੰਭਾਲ ਲਿਆ ਹੈ। ਉਨ੍ਹਾਂ ਅੱਜ ਨਵਾਂ ਅਹੁਦਾ ਇਥੇ ਪੰਜਾਬ ਸਿਵਲ ਸਕੱਤਰੇਤ ਵਿਖੇ ਸੀਨੀਅਰ ਸਿਵਲ ਅਧਿਕਾਰੀਆਂ ਦੀ ਹਾਜ਼ਰੀ ਵਿੱਚ ਸੰਭਾਲਿਆ। ਸ੍ਰੀ ਸਿਨਹਾ ਕੋਲ ਮੁੱਖ ਸਕੱਤਰ ਦੇ ਮੌਜੂਦਾ ਅਹੁਦੇ ਦੇ ਨਾਲ ਪ੍ਰਮੁੱਖ ਸਕੱਤਰ ਪ੍ਰਸੋਨਲ, ਆਮ ਰਾਜ ਪ੍ਰਬੰਧ ਤੇ ਵਿਜੀਲੈਂਸ ਦਾ ਵਾਧੂ ਚਾਰਜ ਵੀ ਰਹੇਗਾ।ਪੰਜਾਬ ਸਰਕਾਰ ਵੱਲੋਂ ਜਾਰੀ ਪ੍ਰੈਸ ਬਿਆਨ ਮੁਤਾਬਕ ?ਨਵੇਂ ਮੁੱਖ ਸਕੱਤਰ ਵਜੋਂ ਅਹੁਦਾ ਸੰਭਾਲਣ ਮੌਕੇ ਸ੍ਰੀ ਸਿਨਹਾ ਨੇ ਕਿਹਾ ਕਿ ਉਨ੍ਹਾਂ ਨੂੰ ਵੱਖ-ਵੱਖ ਅਹੁਦਿਆਂ ਤੇ ਵਿਭਾਗਾਂ ਵਿੱਚ ਸੇਵਾ ਨਿਭਾਉਂਦਿਆਂ ਪੰਜਾਬ ਸੂਬੇ ਅਤੇ ਇਥੋਂ ਦੇ ਲੋਕਾਂ ਵੱਲੋਂ ਅਥਾਹ ਪਿਆਰ ਤੇ ਸਤਿਕਾਰ ਮਿਲਿਆ ਹੈ ਅਤੇ ਅੱਜ ਨਵੇਂ ਅਹੁਦੇ ਨੂੰ ਸੰਭਾਲਦਿਆਂ ਉਹ ਇਹੋ ਵਿਸ਼ਵਾਸ ਦਿਵਾਉਂਦੇ ਹਨ ਕਿ ਹੁਣ ਇਸ ਮਾਣ ਨੂੰ ਵਾਪਸ ਮੋੜਨ ਦਾ ਸਮਾਂ ਹੈ ਜੋ ਕਿ ਉਹ ਪੰਜਾਬ ਦੀ ਭਲਾਈ ਲਈ ਤਨਦੇਹੀ ਨਾਲ ਪੰਜਾਬੀਆਂ ਦੀ ਸੇਵਾ ਕਰਕੇ ਪੂਰਾ ਕਰਨਗੇ। ਇਸ ਮੌਕੇ ਕਈ ਸੀਨੀਅਰ ਸਿਵਲ ਅਧਿਕਾਰੀ ਹਾਜ਼ਰ ਸਨ ਜਿਨ੍ਹਾਂ ਵਿੱਚ ਵਿਕਾਸ ਪ੍ਰਤਾਪ, ਅਲੋਕ ਸ਼ੇਖਰ, ਡੀਕੇ ਤਿਵਾੜੀ, ਤੇਜਵੀਰ ਸਿੰਘ, ਜਸਪ੍ਰੀਤ ਤਲਵਾੜ, ਦਿਲੀਪ ਕੁਮਾਰ, ਭਾਵਨਾ ਗਰਗ, ਅਜੋਏ ਸ਼ਰਮਾ, ਗੁਰਕਿਰਤ ਕ੍ਰਿਪਾਲ ਸਿੰਘ, ਵੀਐਨ ਜ਼ਾਦੇ, ਗੁਰਪ੍ਰੀਤ ਕੌਰ ਸਪਰਾ, ਮਾਲਵਿੰਦਰ ਸਿੰਘ ਜੱਗੀ, ਅਭਿਨਵ ਤ੍ਰਿਖਾ, ਰਾਮਵੀਰ, ਸੋਨਾਲੀ ਗਿਰੀ, ਕੇਸ਼ਵ ਹਿੰਗੋਨੀਆ, ਸੁਰਭੀ ਮਲਿਕ, ਹਰਪ੍ਰੀਤ ਸਿੰਘ ਸੂਦਨ, ਜਸਪ੍ਰੀਤ ਸਿੰਘ, ਰਾਹੁਲ, ਬਲਦੀਪ ਕੌਰ, ਨੀਰੂ ਕਤਿਆਲ ਗੁਪਤਾ ਸ਼ਾਮਲ ਸਨ। ਆਈਏਐਸ ਆਫਿਸਰਜ਼ ਐਸੋਸੀਏਸ਼ਨ ਦੇ ਪ੍ਰਧਾਨ ਤੇਜਵੀਰ ਸਿੰਘ ਸਮੇਤ ਸਮੂਹ ਅਧਿਕਾਰੀਆਂ ਨੇ ਨਵੇਂ ਨਿਯੁਕਤ ਹੋਏ ਮੁੱਖ ਸਕੱਤਰ ਸ੍ਰੀ ਸਿਨਹਾ ਨਾਲ ਵੱਖ-ਵੱਖ ਸਮੇਂ ਵਿਭਾਗਾਂ ਵਿੱਚ ਕੰਮ ਕਰਦਿਆਂ ਅਤੇ ਫੀਲਡ ਪੋਸਟਿੰਗ ਦੌਰਾਨ ਹੋਏ ਤਜਰਬੇ ਸਾਂਝੇ ਕੀਤੇ। ?ਉਹ ਪੰਜਾਬ ਵਿੱਚ ਫੀਲਡ ਪੋਸਟਿੰਗ ਦੌਰਾਨ ਬਠਿੰਡਾ ਤੇ ਗੁਰਦਾਸਪੁਰ ਦੇ ਡਿਪਟੀ ਕਮਿਸ਼ਨਰ ਵਜੋਂ ਸੇਵਾਵਾਂ ਨਿਭਾ ਚੁੱਕੇ ਹਨ।

# ਸਦਰ ਬਾਜ਼ਾਰ 'ਚੋਂ 21 ਬਾਲ ਮਜ਼ਦੂਰ ਛੁਡਵਾਏ



ਨਵੀਂ ਦਿੱਲੀ, ,(ਵਿਸ਼ਵ ਪੰਜਾਬੀ ਸਾਂਝ, ਕੈਨੇਡਾ)-ਕਿਰਤ ਵਿਭਾਗ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਨੇ ਅੱਜ ਕੇਂਦਰੀ ਦਿੱਲੀ ਦੇ ਸਦਰ ਬਾਜ਼ਾਰ ਦੀਆਂ ਕਈ ਦੁਕਾਨਾਂ ਤੋਂ 21 ਬਾਲ ਮਜ਼ਦੂਰਾਂ ਨੂੰ ਛੁਡਵਾਇਆ। ਇਸ ਸਬੰਧੀ ਡੀਸੀਪੀ (ਦੱਖਣੀ-ਪੱਛਮੀ) ਸੁਰਿੰਦਰ ਚੌਧਰੀ ਨੇ ਦੱਸਿਆ ਕਿ ਦਿੱਲੀ ਛਾਉਣੀ ਦੇ ਤਹਿਸੀਲਦਾਰ ਨੇ ਗੈਰ ਸਰਕਾਰੀ ਸੰਗਠਨਾਂ, ਕਿਰਤ ਵਿਭਾਗ ਅਤੇ ਸਥਾਨਕ ਪੁਲੀਸ ਦੀ ਮਦਦ ਨਾਲ ਸਦਰ ਬਾਜ਼ਾਰ ਵਿੱਚ ਇੱਕ ਮੁਹਿੰਮ ਚਲਾਈ ਅਤੇ ਵੱਖ-ਵੱਖ ਦੁਕਾਨਾਂ ਤੋਂ ਕੁੱਲ 21 ਬਾਲ ਮਜ਼ਦੂਰਾਂ ਨੂੰ ਆਜ਼ਾਦ ਕਰਵਾਇਆ। ਪੁਲੀਸ ਅਧਿਕਾਰੀ ਨੇ ਦੱਸਿਆ ਕਿ ਇਨ੍ਹਾਂ ਵਿੱਚੋਂ 19 ਬੱਚਿਆਂ ਨੂੰ ਬੁਰਾੜੀ ਸਥਿਤ ਮੁਕਤੀ ਆਸ਼ਰਮ ਅਤੇ ਦੋ ਲੜਕੀਆਂ ਨੂੰ ਕਸ਼ਮੀਰੀ ਗੇਟ ਸਥਿਤ ਰੇਨਬੋ ਗਰਲਜ਼ ਹੋਮ ਭੇਜਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਦੁਕਾਨਦਾਰਾਂ ਖਿਲਾਫ਼ ਦਿੱਲੀ ਛਾਉਣੀ ਥਾਣੇ ਵਿੱਚ ਬਾਲ ਮਜ਼ਦੂਰੀ ਐਕਟ ਤਹਿਤ ਕੇਸ ਦਰਜ ਕਰ ਲਿਆ ਹੈ। -

# ਸਾਹਿਤ ਦਾ ਨੋਬੇਲ ਇਨਾਮ ਦੱਖਣੀ ਕੋਰੀਆਈ ਲੇਖਿਕਾ ਹਾਨ ਕਾਂਗ ਨੂੰ

ਸਟਾਕਹੋਮ,,(ਵਿਸ਼ਵ ਪੰਜਾਬੀ ਸਾਂਝ, ਕੈਨੇਡਾ)-ਨੋਬੇਲ ਕਮੇਟੀ ਨੇ ਵੀਰਵਾਰ ਨੂੰ ਸਾਹਿਤ ਦਾ ਨੋਬੇਲ ਇਨਾਮ ਦੱਖਣੀ ਕੋਰੀਆਈ ਲੇਖਿਕਾ ਹਾਨ ਕਾਂਗ ਨੂੰ ਦੇਣ ਦਾ ਐਲਾਨ ਕੀਤਾ ਗਿਆ ਹੈ। ਬੀਬੀ ਕਾਂਗ (53) ਨੂੰ ਇਹ ਐਵਾਰਡ ਦੇਣ ਲਈ ਉਨ੍ਹਾਂ ਦੀ 'ਗੂੜ੍ਹ ਕਾਵਮਈ ਵਾਰਤਕ' (intense poetic prose) ਬਦਲੇ ਚੁਣਿਆ ਗਿਆ ਹੈ। ਕਮੇਟੀ ਨੇ ਕਿਹਾ ਕਿ 'ਉਨ੍ਹਾਂ ਦੀ ਗੂੜ੍ਹ ਕਾਵਮਈ ਵਾਰਤਕ, ਜਿਹੜੀ ਇਤਿਹਾਸਕ ਸਦਮਿਆਂ ਦਾ ਸਾਹਮਣਾ ਕਰਦੀ ਹੈ ਅਤੇ ਇਨਸਾਨੀ ਜ਼ਿੰਦਗੀ ਕੀ ਨਜ਼ਾਕਤ ਨੂੰ ਜ਼ਾਹਰ ਕਰਦੀ ਹੈ' ਵਾਸਤੇ ਉਨ੍ਹਾਂ ਨੂੰ ਇਹ ਸਨਮਾਨ ਦਿੱਤਾ ਜਾ ਰਿਹਾ ਹੈ।ਬੀਬੀ ਕਾਂਗ ਇਸ ਤੋਂ ਪਹਿਲਾਂ ਆਪਣੇ ਬੇਚੈਨ ਕਰ ਦੇਣ ਵਾਲੇ ਨਾਵਲ 'ਦਾ ਵੈਜੀਟੇਰੀਅਨ' ਲਈ 2016 ਦਾ ਬੁੱਕਰ ਐਵਾਰਡ ਵੀ ਜਿੱਤ ਚੁੱਕੀ ਹੈ। ਇਹ ਨਾਵਲ ਇਕ ਅਜਿਹੀ ਔਰਤ ਦੀ ਕਹਾਣੀ ਉਤੇ ਆਧਾਰਤ ਹੈ, ਜਿਸ ਵੱਲੋਂ ਮਾਸ ਖਾਣਾ ਬੰਦ ਕਰ ਦੇਣ ਨਾਲ ਉਸ ਲਈ ਤਬਾਹਕੁਨ ਸਿੱਟੇ ਨਿਕਲਦੇ ਹਨ। ਨੋਬੇਲ ਸਾਹਿਤ ਐਵਾਰਡ ਦਾ ਐਲਾਨ ਵੀਰਵਾਰ ਨੂੰ ਸਟਾਕਹੋਮ ਵਿਖੇ ਸਵੀਡਿਸ਼ ਅਕੈਡਮੀ ਦੀ ਨੋਬੇਲ ਕਮੇਟੀ ਦੇ ਸਥਾਈ ਸੁਕੱਤਰ ਮੈਟਸ ਮਾਲਮ (Mats Malm) ਨੇ ਕੀਤਾ।




## ਆਮਦਨ ਤੋਂ ਵੱਧ ਜਾਇਦਾਦ ਮਾਮਲਾ: ਹਾਈ ਕੋਰਟ ਵੱਲੋਂ ਭਰਤ ਇੰਦਰ ਚਾਹਲ ਨੂੰ ਅਗਾਊਂ ਜ਼ਮਾਨਤ ਤੋਂ ਇਨਕਾਰ



ਚੰਡੀਗੜ੍ਹ, (ਵਿਸ਼ਵ ਪੰਜਾਬੀ ਸਾਂਝ, ਕੈਨੇਡਾ)- ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਆਮਦਨ ਤੋਂ ਵੱਧ ਜਾਇਦਾਦ ਮਾਮਲੇ 'ਚ ਮੁਲਜ਼ਮ ਸਾਬਕਾ ਮੀਡੀਆ ਸਲਾਹਕਾਰ ਭਰਤ ਇੰਦਰ ਸਿੰਘ ਚਾਹਲ ਦੀ ਅਗਾਊਂ ਜ਼ਮਾਨਤ ਅਰਜ਼ੀ ਖਾਰਜ ਕਰ ਦਿੱਤੀ। ਜਸਟਿਸ ਮਹਾਬੀਰ ਸਿੰਘ ਸਿੰਧੂ ਦੇ ਬੈਂਚ ਨੇ ਚਾਹਲ ਵੱਲੋਂ ਜ਼ਮਾਨਤ ਦੀ ਅਰਜ਼ੀ 'ਚ ਦਿੱਤੀ ਵਡੇਰੀ ਉਮਰ ਹੋਣ ਦੀ ਦਲੀਲ ਨੂੰ ਦਰਕਿਨਾਰ ਕਰ ਦਿੱਤਾ ਅਤੇ ਆਖਿਆ ਕਿ ਕਥਿਤ ਅਸਾਸਿਆਂ ਦੇ ਸਰੋਤਾਂ ਦਾ ਪਤਾ ਕਰਨ ਅਤੇ ਨਿਰਪੱਖ ਜਾਂਚ ਲਈ ਚਾਹਲ ਨੂੰ ਹਿਰਾਸਤ 'ਚ ਲੈ ਕੇ ਪੁੱਛ ਪੜਤਾਲ ਕਰਨ ਦੀ ਲੋੜ ਹੈ। ਚਾਹਲ ਨੇ 1 ਅਪਰੈਲ 2017 ਤੋਂ 31 ਅਗਸਤ 2021 ਤੱਕ ਪੰਜਾਬ ਦੇ ਤਤਕਾਲੀ ਮੁੱਖ ਮੰਤਰੀ ਦੇ ਮੀਡੀਆ ਸਲਾਹਕਾਰ ਵਜੋਂ ਕੰਮ ਕੀਤਾ ਸੀ। ਚਾਹਲ ਵੱਲੋਂ ਅਹੁਦਾ ਛੱਡਣ ਦੇ ਦੋ ਸਾਲ ਬਾਅਦ 2 ਅਗਸਤ 2023 ਨੂੰ ਉਸ ਖਿਲਾਫ਼ ਭ੍ਰਿਸ਼ਟਾਚਾਰ ਰੋਕ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਸੀ।

# ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਤਿੰਨ ਗ੍ਰਿਫ਼ਤਾਰ, 8 ਪਿਸਤੌਲ ਬਰਾਮਦ

ਅੰਮ੍ਰਿਤਸਰ, ,(ਵਿਸ਼ਵ ਪੰਜਾਬੀ ਸਾਂਝ, ਕੈਨੇਡਾ)-ਪੰਜਾਬ ਪੁਲੀਸ ਨੇ ਮੱਧ ਪ੍ਰਦੇਸ਼ ਤੋਂ ਸੂਬੇ ਵਿੱਚ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਸਬੰਧੀ ਦੋ ਵੱਖ-ਵੱਖ ਅਪਰੇਸ਼ਨਾਂ ਵਿੱਚ ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੰਜਾਬ ਪੁਲੀਸ ਦੇ ਡਾਇਰੈਕਟਰ ਜਨਰਲ ਗੌਰਵ ਯਾਦਵ ਦੇ ਅਨੁਸਾਰ ਗ੍ਰਿਫ਼ਤਾਰ ਕੀਤੇ ਗਏ ਵਿਅਕਤੀ ਅਪਰਾਧਿਕ ਗਰੋਹ ਨੂੰ ਮਾਲੀ ਸਹਾਇਤਾ ਪ੍ਰਦਾਨ ਕਰ ਰਹੇ ਸਨ। ਡੀਜੀਪੀ ਨੇ 'ਐਕਸ' 'ਤੇ ਜਾਣਕਾਰੀ ਦਿੰਦਿਆਂ ਕਿਹਾ ਕਿ ਮੱਧ ਪ੍ਰਦੇਸ਼ ਤੋਂ ਪੰਜਾਬ ਵਿੱਚ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਨੂੰ ਇੱਕ ਵੱਡਾ ਝਟਕਾ ਦਿੰਦੇ ਹੋਏ ਅੰਮ੍ਰਿਤਸਰ ਦਿਹਾਤੀ ਪੁਲੀਸ ਨੇ ਦੋ ਵੱਖ-ਵੱਖ ਕਾਰਵਾਈਆਂ ਵਿੱਚ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕੋਲੋਂ ਅੱਠ ਪਿਸਤੌਲਾਂ ਸਮੇਤ 17 ਜਿੰਦਾ ਕਾਰਤੂਸ ਅਤੇ ਚਾਰ ਮੈਗਜ਼ੀਨ ਵੀ ਬਰਾਮਦ ਕੀਤੇ ਗਏ ਹਨ।




## ਜ਼ਰੂਰੀ ਸੂਚਨਾਂ

ਵਿਸ਼ਵ ਪੰਜਾਬੀ ਸਭਾ ਕੈਨੇਡਾ ਵੱਲੋਂ ਆਪਣਾ ਰੋਜ਼ਾਨਾ ਅਖ਼ਬਾਰ ਸ਼ੁਰੂ ਕੀਤਾ ਗਿਆ ਹੈ,ਜਿਸ ਦਾ ਨਾਮ 'ਵਿਸਵ ਪੰਜਾਬੀ ਸਾਂਝ'ਰੱਖਿਆ ਗਿਆ ਹੈ। ਤੁਸੀ ਆਪਣੀਆਂ ਰਚਨਾਵਾਂ/ਕਹਾਣੀ/ ਲੇਖ ਜਾਂ ਸਾਹਿਤਕ ਕਿਰਤ ਛੱਪਣ ਲਈ ਭੇਜ ਸਕਦੇ ਹੋ।

**ਲਿਖਤਾਂ ਭੇਜਣ ਲਈ ਈਮੇਲ ਪਤਾ**
vishavPunjabisanjh@gmail.com


ਲੇਖਕ ਆਪਣਾ ਨਾਮ ਫੋਨ ਨੰਬਰ ਅਤੇ ਫੋਟੋ ਵੀ ਜਰੂਰ ਭੇਜਣ ਦੀ ਕ੍ਰਿਪਾਲਤਾ ਕਰੋਂ

ਨੋਟ : ਅਖ਼ਬਾਰ ਵਿੱਚ ਭੇਜੀਆ ਰਚਨਾਵਾਂ ਜਾਂ ਸਮੱਗਰੀ ਸਾਹਿਤਕ ਅਤੇ ਸੱਭਿਅਕ ਹੋਵੇ ਸਮਾਜ ਨੂੰ ਸੇਧ ਦੇਣ ਵਾਲੀ ਹੋਵੇ।

ਅਖ਼ਬਾਰ ਵਿੱਚ ਸ਼ਾਮਿਲ ਲਿਖਤਾਂ ਤੇ ਵਿਚਾਰਾਂ ਲਈ ਲੇਖਕ ਖੁਦ ਜਿੰਮੇਵਾਰ ਹੈ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ

## ਬੇਕਰ, ਹੱਸਾਬਿਸ ਤੇ ਜੰਪਰ ਨੂੰ ਰਸਾਇਣ ਵਿਗਿਆਨ ਦਾ ਨੋਬੇਲ

ਸਟਾਕਹੋਮ, ਰਸਾਇਣ ਵਿਗਿਆਨ ਦਾ ਨੋਬੇਲ ਪੁਰਸਕਾਰ ਇਸ ਸਾਲ ਡੇਵਿਡ ਬੇਕਰ, ਡੇਮਿਸ ਹੱਸਾਬਿਸ ਤੇ ਜੌਹਨ ਜੰਪਰ ਨੂੰ ਦਿੱਤਾ ਗਿਆ ਹੈ। ਉਨ੍ਹਾਂ ਨੂੰ ਇਹ ਪੁਰਸਕਾਰ ਪ੍ਰੋਟੀਨ 'ਤੇ ਉਨ੍ਹਾਂ ਦੀ ਖੋਜ ਲਈ ਦਿੱਤਾ ਗਿਆ ਹੈ। ਰੌਇਲ ਸਵੀਡਿਸ਼ ਅਕੈਡਮੀ ਆਫ ਸਾਇੰਸਿਜ਼ ਦੇ ਜਨਰਲ ਸਕੱਤਰ ਹੈਂਸ ਅਨੇਗਰੇਨ ਨੇ ਅੱਜ ਉਨ੍ਹਾਂ ਦੇ ਨਾਵਾਂ ਦਾ ਐਲਾਨ ਕੀਤਾ। ਬੇਕਰ ਸਿਆਟਲ 'ਚ ਯੂਨੀਵਰਸਿਟੀ ਆਫ ਵਾਸ਼ਿੰਗਟਨ ਵਿੱਚ ਜਦਕਿ ਹੱਸਾਬਿਸ ਤੇ ਜੰਪਰ ਗੂਗਲ ਡੀਪਮਾਈਂਡ 'ਚ ਕੰਮ ਕਰਦੇ ਹਨ। ਨੋਬੇਲ ਕਮੇਟੀ ਨੇ ਕਿਹਾ ਕਿ 2003 'ਚ ਬੇਕਰ ਨੇ ਨਵਾਂ ਪ੍ਰੋਟੀਨ ਡਿਜ਼ਾਈਨ ਕੀਤਾ ਅਤੇ ਉਦੋਂ ਤੋਂ ਉਨ੍ਹਾਂ ਦੇ ਖੋਜ ਸਮੂਹ ਨੇ ਇੱਕ ਤੋਂ ਬਾਅਦ ਇੱਕ ਕਲਪਨਾਸ਼ੀਲ ਪ੍ਰੋਟੀਨ ਦਾ ਨਿਰਮਾਣ ਕੀਤਾ ਹੈ, ਜਿਨ੍ਹਾਂ 'ਚ ਅਜਿਹੇ ਪ੍ਰੋਟੀਨ ਵੀ ਸ਼ਾਮਲ ਹਨ, ਜਿਨ੍ਹਾਂ ਦੀ ਵਰਤੋਂ ਫਾਰਮਾਸਿਊਟੀਕਲ, ਟੀਕੇ, ਨੈਨੋਮਟੀਰੀਅਲ ਤੇ ਛੋਟੇ ਸੈਂਸਰ ਵਜੋਂ ਕੀਤੀ ਜਾ ਸਕਦੀ ਹੈ। ਕਮੇਟੀ ਨੇ ਕਿਹਾ ਕਿ ਹੱਸਾਬਿਸ ਤੇ ਜੰਪਰ ਨੇ ਇੱਕ ਮਸਨੂਈ ਬੌਧਿਕਤਾ (ਏਆਈ) ਮਾਡਲ ਬਣਾਇਆ ਜੋ ਖੋਜੀਆਂ ਵੱਲੋਂ ਪਛਾਣੇ ਗਏ



# BRAMPTON CASH AND CARRY

WHOLESALER | IMPORTER
DISTRIBUTOR | RETAILER

Wholesaler, Importer, Distributor & Retailer of Restaurants Supply








BRAMPTON
CASH & CARRY

Brampton CashandCarry2023@gmail.com

905-230-4800

100 Kennedy Road S., Brampton, ON L6W 3E7

ਰੋਜ਼ਾਨਾ
# ਵਿਸ਼ਵ ਪੰਜਾਬੀ ਸਾਂਝ



Dalbir Singh Kathuria, CEO
BRAMPTON CASH & CARRY
905-230-4800
416-700-9100
BramptonCashandCarry2023@gmail.com
100 KENNEDY ROAD S., BRAMPTON ON L6W 3E7, CANADA

Village of India
905.450.3333
villageofindia.ca
114 KENNEDY ROAD SOUTH BRAMPTON, ON, L6W 3E7
BUFFET | DINE IN | TAKE OUT | CATERING | LUNCH & DINNER | SWEETS








AAPKI PASAND AAPKA SWAAD
DURUM CHAKKI
ATTA
Aapki
PASAND
AAPKA SWAAD
आटा
ਆਟਾ
Indian Style
DURUM
CHAKKI
ATTA
FARINE DE BLÉ
WHOLE WHEAT 100% BLÉ ENTIER
WEIGHT
20LB
PRICE
$9.99
6HR
SOFTNESS
BEST FOR ROLLS, PARANTHAS. POORIS & HOTBREADS
Contact us
905-230-4800 | 416-700-9100
100 KENNEDY ROAD S., BRAMPTON ON L6W 3E7, CANADA


MS INSURANCE
Secure your trust & life
RAJAT GUPTA
INSURANCE ADVISOR
416-427-8585
www.ms-insurance.ca
rajatgupta2299@gmail.com
Unit 27-90 Eastern Ave, Brampton, ON, L6W 1X9


INSURANCE BENEFITS
visa
➤ SUPER VISA
➤ VISITOR VISA
➤ RESP, TFSA
➤ MORTGAGE INSURANCE
TEHAL SINGH BRAR
LIVING BENEFITS ADVISOR
+(905)-782-2013
www.royalshieldgroup.com
tehalbrarcanada@gmail.com


AAPKI PASAND ATTA
PRICE $9.99 Weight 20LB
LAYALPUR ATTA BISCUIT
PRICE $11.99
BEST FOOD RUSK
PRICE 2 FOR $5
SHER ATTA
PRICE $13.49 Weight 20LB
DAHI MODHANI
PRICE $2.49 Weight 750gm
DAHI MODHANI
PRICE $9.99 Weight 2kg
RAJDHANI MUSTARD OIL
PRICE $19.99 Weight 5L
RAJDHANI MUSTARD OIL
PRICE $8.49 Weight 2L
BROWN SUGAR
PRICE $9.99 Weight 11LB
WHITE ONION
PRICE $17.99 Weight 50LB
RED ONION
PRICE $18.99 Weight 25LB
RED ONION
PRICE $7.99 Weight 10LB
TOMATO
PRICE $0.99 Weight 1LB
GREEN PEPPERS
PRICE $0.99 Weight 1LB
INDIA GATE HARROZ RICE
PRICE $7.99 Weight 8LB
RED LABEL TEA
PRICE $9.99 Weight 900gm
CAPRI VEGET-ABLE OIL
PRICE $32.99 Weight 16L
PLASTIC GLASS (7 oz)
PRICE $2.99 50pcs
6 COMPARTMENT THALI CAN GREEN
PRICE $7.99 40pcs
SPOON/FORK
PRICE $13.99 1000pcs
MAGGI MASALA NOODLES
PRICE 3 for $1
QUALITY BASMATI RICE
PRICE $32 Weight 40LB
ULTRA PUEMIUM TOILET ROLL
PRICE $6.99 12 ROLLS
APKI PASAND GOLGAPA
PRICE $3.99
TABLEWARE CUTLERY KIT
PRICE $7.99
WALNUTS HALVES
PRICE $3.99 Weight 1LB
AAPKI PASAND COOKIES
PRICE $3.99 Weight 2.2LB
COULI FLOWER
PRICE $1.99
BRAR BESAN
PRICE $3.99 Weight 4LB
KHUSHBOO RICE
PRICE $9.99 Weight 10LB
ORGANIC PEARL RICE
PRICE $9.98 Weight 10LB
MODHANI PANEER
PRICE $4.99 Weight 354gm
OPEN EVERYDAY FROM 9:00 AM TO 9:00 PM
BRAMPTON CASH & CARRY
IMPORTER | WHOLESALER| RETAILER
CONTACT:-
+1 (204) 560-7111
ADDRESS:- 1315 INKSTER BLVD, WINNIPEG MB